ਪੰਜਾਬ ਸਰਕਾਰ
ਸਿੱਖਿਆ ਵਿਭਾਗ

(ਵੈਬਸਾਈਟ ਰਾਹੀਂ)

ਵੱਲ:

1. ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ(ਸੈ.ਸਿੱ./ਐ.ਸਿੱ.),ਪੰਜਾਬ।
2. ਰਾਜ ਦੇ ਸਮੂਹ ਸਕੂਲ ਮੁਖੀ।

ਮੀਮੋ ਨੰ: AD(ਕੋ)SSE/2017(12)/4011068
ਮਿਤੀ:07.05.18

ਵਿਸ਼ਾ:- ਕਲਾਸ ਸਮੇਂ ਦੌਰਾਨ ਮੋਬਾਈਲ ਫ਼ੋਨ ਦੀ ਵਰਤੋਂ ਨਾ ਕਰਨ ਬਾਰੇ।

ਹਵਾਲਾ:- ਇਸ ਦਫ਼ਤਰ ਦੇ ਪੱਤਰ ਨੰ: AD(ਕੋ)SSE/2017(12), ਮਿਤੀ, ਐਸ.ਏ.ਐਸ.ਨਗਰ: 18-08-2017 ਅਤੇ ਪੱਤਰ ਨੰ: AD(ਕੋ)SSE/2017(12)/20141034, ਮਿਤੀ 19-01-2018 ਦੇ ਸੰਬੰਧ ਵਿੱਚ।

1.0 ਉਕਤ ਵਿਸ਼ੇ ਅਤੇ ਹਵਾਲਾ ਅਧੀਨ ਪੱਤਰਾਂ ਰਾਹੀਂ ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ(ਸੈ.ਸਿੱ./ਐ.ਸਿੱ.) ਅਤੇ ਸਮੂਹ ਸਕੂਲ ਮੁਖੀਆਂ ਨੂੰ ਹਦਾਇਤਾਂ ਜਾਰੀ ਕੀਤੀਆਂ ਗਈਆਂ ਸਨ ਕਿ ਸਕੂਲ ਸਮੇਂ ਦੌਰਾਨ ਅਧਿਆਪਕਾਂ ਵੱਲੋਂ ਮੋਬਾਈਲ ਫੋਨ ਦੀ ਵਰਤੋਂ ਕਰਨ ਤੋਂ ਗੁਰੇਜ਼ ਕੀਤਾ ਜਾਵੇ।

2.0 ਵਿਭਾਗ ਦੇ ਧਿਆਨ ਵਿੱਚ ਆਇਆ ਹੈ ਕਿ ਅਜੇ ਵੀ ਕਈ ਅਧਿਆਪਕਾਂ ਵੱਲੋਂ ਕਲਾਸ ਸਮੇਂ ਦੌਰਾਨ ਮੋਬਾਈਲ ਫੋਨ ਦੀ ਵਰਤੋਂ ਕੀਤੀ ਜਾਂਦੀ ਹੈ। ਅਜਿਹਾ ਕਰਨਾ ਵਿਭਾਗ ਵੱਲੋਂ ਜਾਰੀ ਹਦਾਇਤਾਂ ਦੀ ਉਲੰਘਣਾ ਹੈ।

3.0 ਉਕਤ ਦੇ ਸਨਮੁੱਖ ਸਮੂਹ ਸਕੂਲ ਮੁਖੀਆਂ ਨੂੰ ਸਖ਼ਤ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਇਸ ਗੱਲ ਨੂੰ ਯਕੀਨੀ ਬਣਾਉਣ ਕਿ ਕੋਈ ਵੀ ਅਧਿਆਪਕ ਕਲਾਸ ਵਿੱਚ ਮੋਬਾਈਲ ਫੋਨ ਦੀ ਵਰਤੋਂ ਨਾ ਕਰੇ। ਜੇਕਰ ਕੋਈ ਅਧਿਆਪਕ ਇਨ੍ਹਾਂ ਹੁਕਮਾਂ ਦੀ ਉਲੰਘਣਾ ਕਰਦਾ ਹੈ ਤਾਂ ਇਸਦੀ ਜ਼ਿੰਮੇਵਾਰੀ ਸਕੂਲ ਮੁਖੀ ਦੀ ਹੋਵੇਗੀ। ਜੇਕਰ ਕੋਈ ਅਧਿਆਪਕ ਸਕੂਲ ਮੁਖੀ ਦੀ ਹਦਾਇਤਾਂ ਦੀ ਪਾਲਣਾ ਨਾ ਕਰੇ ਤਾਂ ਸਕੂਲ ਮੁਖੀ ਵੱਲੋਂ ਤੁਰੰਤ ਆਪਣੀ ਰਿਪੋਰਟ ਈ-ਮੇਲ ਰਾਹੀਂ adcosse@gmail.com 'ਤੇ ਭੇਜੀ ਜਾਵੇ ਅਤੇ ਅਧਿਆਪਕ ਦੀ ਏ.ਸੀ.ਆਰ. ਵਿੱਚ ਵੀ ਇਸਦਾ ਇੰਦਰਾਜ ਕੀਤਾ ਜਾਵੇ।

4.0 ਉਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

ਸਕੱਤਰ,
ਸਕੂਲ ਸਿੱਖਿਆ, ਪੰਜਾਬ

ਪਿੱਠਅੰਕਣ ਨੰ: ਉਕਤ ਮਿਤੀ:07.05.18

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

1. ਪੀ.ਏ. ਟੂ ਸਕੱਤਰ, ਸਕੂਲ ਸਿੱਖਿਆ, ਪੰਜਾਬ।
2. ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।
3. ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿੱ.),ਪੰਜਾਬ।
4. ਡਾਇਰੈਕਟਰ ਸਿੱਖਿਆ ਵਿਭਾਗ (ਐ.ਸਿੱ.), ਪੰਜਾਬ।
4. ਡਾਇਰੈਕਟਰ, ਐਸ.ਸੀ.ਈ.ਆਰ.ਟੀ., ਪੰਜਾਬ।
5. ਸਮੂਹ ਮੰਡਲ ਸਿੱਖਿਆ ਅਫ਼ਸਰ, ਪੰਜਾਬ।
6. ਸਮੂਹ ਜ਼ਿਲ੍ਹਾ ਸਿੱਖਿਆ ਸੁਧਾਰ ਕਮੇਟੀਆਂ,ਪੰਜਾਬ।

ਸਕੱਤਰ,
ਸਕੂਲ ਸਿੱਖਿਆ, ਪੰਜਾਬ